# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 23-11-2024**

ਪੰਜਾਬ ਵਿਧਾਨ ਸਭਾ ਦੀਆਂ 4 ਸੀਟਾਂ ਲਈ ਜਿਮਨੀ ਚੋਣਾਂ ਦੀ ਗਿਣਤੀ ਅਜ ਸਵੇਰੇ 8 ਵਜੇ ਸੀਸੀਟੀਵੀ ਦੀ ਨਿਗਰਾਨੀ ਹੇਠ ਸ਼ੁਰੂ ਹੋਈ। ਗੁਰਦਾਸਪੁਰ ਦੇ ਡੇਰਾ ਬਾਬਾ ਨਾਨਕ, ਹੁਸ਼ਿਆਰਪੁਰ ਦੇ ਚਬੇਵਾਲ, ਸ੍ਰੀ ਮੁਕਤਸਰ ਸਾਹਿਬ ਦੇ ਗਿਦੜ਼ਬਾਹਾ ਤੇ ਬਰਨਾਲਾ ਵਿਧਾਨ ਸਭਾ ਹਲਕਿਆਂ ਤੋਂ ਕੁਲ 45 ਉਮੀਦਵਾਰਾਂ ਦੀ ਕਿਸਮਤ ਦਾ ਫੈਸਲਾ ਅਜ ਹੋ ਰਿਹਾ ਏ। ਹੁਣ ਤਕ ਮਿਲੇ ਰੁਝਾਨ ਮੁਤਾਬਕ ਸਤਾਧਾਰੀ ਆਮ ਆਦਮੀ ਪਾਰਟੀ ਅਗੇ ਚਲ ਰਹੀ ਏ। ਬਰਨਾਲਾ ਦੇ ਕਾਂਗਰਸ ਦੇ ਕੁਲਦੀਪ ਸਿੰਘ ਢਿਲੋਂ, ਗੁਰਦਾਸਪੁਰ ਦੇ ਡੇਰਾ ਬਾਬਾ ਨਾਨਕ ਤੋਂ ਆਮ ਆਦਮੀ ਪਾਰਟੀ ਦੇ ਗੁਰਦੀਪ ਸਿੰਘ ਰੰਧਾਵਾ ਤੇ ਹੁਸ਼ਿਆਰਪੁਰ ਦੀ ਚਬੇਵਾਲ ਸੀਟ ਤੋਂ ਆਮ ਆਦਮੀ ਪਾਰਟੀ ਦੇ ਇਸ਼ਾਂਕ ਕੁਮਾਰ ਜੇਤੂ ਰਹੇ ਨੇ।

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਐਤਵਾਰ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ ਵਿਚ ਦੇਸ਼-ਵਿਦੇਸ਼ ਵਿਚ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ । ਹਰ ਮਹੀਨੇ ਪ੍ਰਸਾਰਤ ਹੋਣ ਵਾਲੇ ਇਸ ਰੇਡੀਓ ਪ੍ਰੋਗਰਾਮ ਦੀ ਇਹ 116ਵੀਂ ਲੜੀ ਹੋਵੇਗੀ। ਪ੍ਰੋਗਰਾਮ ਦਾ ਪ੍ਰਸਾਰਣ ਆਕਾਸ਼ਵਾਣੀ ਤੇ ਦੂਰਦਰਸ਼ਨ ਦੇ ਸਮੁਚੇ ਨੈੱਟਵਰਕ, AIR ਨਿਊਜ਼ ਵੈੱਬਸਾਈਟ ਅਤੇ News on AIR ਮੋਬਾਈਲ ਐਪ 'ਤੇ ਕੀਤਾ ਜਾਵੇਗਾ । ਇਸ ਨੂੰ AIR News, DD News, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ ਯੂਟਿਊਬ ਚੈਨਲਾਂ 'ਤੇ ਵੀ ਸਿੱਧਾ ਪ੍ਰਸਾਰਣ ਕੀਤਾ ਜਾਵੇਗਾ । ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿਚ ਪ੍ਰਸਾਰਤ ਕਰੇਗਾ।

---------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦਾ ਕਹਿਣਾ ਏ ਕਿ ਧਰਤੀ, ਪਾਣੀ ਅਤੇ ਹਵਾ ਦੀ ਰੱਖਿਆ ਕਰਨਾ ਸਾਡਾ ਬੁਨਿਆਦੀ ਫਰਜ਼ ਅਤੇ ਧਰਮ ਏ । ਓਹਨਾਂ ਇਹ ਗੱਲ ਕਲ ਬਾਬਾ ਫ਼ਰੀਦ ਗਰੁੱਪ ਆਫ਼

ਇੰਸਟੀਚਿਊਸ਼ਨਜ਼ ਵਿਖੇ ਲਾਏ ਗਏ 100ਵੇਂ ਵਰਲਡ ਕੈਂਸਰ ਕੇਅਰ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਆਪਣੇ ਸੰਬੋਧਨ ਕਰਦਿਆਂ ਕਹੀ। ਇਸ ਮੌਕੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ, ਡੀਆਈਜੀ ਬਠਿੰਡਾ ਰੇਂਜ ਹਰਚਰਨ ਸਿੰਘ ਭੁੱਲਰ, ਤੇ ਹੋਰ ਪਤਵੰਤੇ ਹਾਜ਼ਰ ਸਨ । ਗੁਲਾਬ ਚੰਦ ਕਟਾਰੀਆ ਨੇ ਆਪਣੇ ਸੰਬੋਧਨ ਦੌਰਾਨ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਫਲਸਫੇ 'ਤੇ ਚੱਲਣ 'ਤੇ ਜ਼ੋਰ ਦਿੱਤਾ|ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਖਾਦਾਂ ਅਤੇ ਕੀਟਨਾਸ਼ਕਾਂ ਦੀ ਵਰਤੋਂ ਨੂੰ ਕੰਟਰੋਲ ਕਰਨ ਅਤੇ ਜੈਵਿਕ ਖੇਤੀ ਅਤੇ ਕੁਦਰਤੀ ਤਰੀਕਿਆਂ ਨੂੰ ਤਰਜੀਹ ਦੇਣ। ਉਨ੍ਹਾਂ ਕਿਹਾ ਕਿ ਪੰਜਾਬ ਖੇਤੀਬਾੜੀ ਪ੍ਰਧਾਨ ਸੂਬਾ ਹੋਣ ਕਰਕੇ ਕਿਸਾਨ ਵੱਧ ਪੈਦਾਵਾਰ ਲੈਣ ਲਈ ਖਾਦਾਂ ਅਤੇ ਕੀਟਨਾਸ਼ਕਾਂ ਦੀ ਜ਼ਿਆਦਾ ਵਰਤੋਂ ਕਰ ਰਹੇ ਨੇ, ਜੋ ਕਿ ਕੈਂਸਰ ਫੈਲਣ ਦਾ ਵੱਡਾ ਕਾਰਨ ਏ । ਉਨ੍ਹਾਂ ਕਿਹਾ ਕਿ ਕੀਟਨਾਸ਼ਕਾਂ ਦੀ ਵਰਤੋਂ ਨੂੰ ਕੰਟਰੋਲ ਕਰਨ ਅਤੇ ਜੈਵਿਕ ਖੇਤੀ ਅਤੇ ਕੁਦਰਤੀ ਤਰੀਕਿਆਂ ਨੂੰ ਤਰਜੀਹ ਦੇਣ ਦੀ ਪਹੁੰਚ ਨਾ ਸਿਰਫ਼ ਸਾਡੀ ਹਵਾ, ਜ਼ਮੀਨ ਅਤੇ ਚੁਗਿਰਦੇ ਦੀ ਰੱਖਿਆ ਕਰਦੀ ਏ ਸਗੋਂ ਸਾਡੀ ਸਿਹਤ, ਭਵਿੱਖ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਲਾਭ

ਪਹੁੰਚਾਉਂਦੀ ਏ ।ਗੁਲਾਬ ਚੰਦ ਕਟਾਰੀਆ ਨੇ ਦੱਸਿਆ ਕਿ ਵਰਲਡ ਕੈਂਸਰ ਕੇਅਰ ਗੈਰ-ਲਾਭਕਾਰੀ ਸੰਸਥਾ ਏ ਜੋ ਕੈਂਸਰ ਸਕਰੀਨਿੰਗ ਕੈਂਪ, ਮੋਬਾਈਲ ਡਾਇਗ-ਨੋਸਟਿਕ ਵੈਨ, ਮੁਫਤ ਇਲਾਜ ਅਤੇ ਸਲਾਹ ਪ੍ਰਦਾਨ ਕਰਦੀ ਏ ਤੇ ਏਸ ਦੇ ਨਾਲ ਹੀ, ਕੀਟਨਾਸ਼ਕਾਂ ਅਤੇ ਚੁਗਿਰਦਾ ਪ੍ਰਦੂਸ਼ਣ ਬਾਰੇ ਜਾਗਰੂਕਤਾ ਮੁਹਿੰਮਾਂ ਅਤੇ ਪੇਂਡੂ ਇਲਾਕਿਆਂ ਵਿਚ ਕੈਂਸਰ ਦੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਮਦਦ ਮੁਹਈਆ ਕਰਦੀ ਏ । ਉਨ੍ਹਾਂ ਇਹ ਵੀ ਕਿਹਾ ਕਿ ਕੈਂਸਰ ਵਰਗੀਆਂ ਜਾਨਲੇਵਾ ਬੀਮਾਰੀਆਂ ਦੀਆਂ ਜੜ੍ਹਾਂ ਮਾਲਵਾ ਖੇਤਰ ਸਮੇਤ ਪੂਰੇ ਪੰਜਾਬ ਵਿਚ ਤੇਜ਼ੀ ਨਾਲ ਫੈਲ ਰਹੀਆਂ ਨੇ. ਓਹਨਾ ਇਹ ਵੀ ਕਿਹਾ ਕਿ ਹਾਲਾਤ ਅਜਿਹੇ ਹੋ ਚੁਕੇ ਨੇ ਜਿੱਥੇ ਕੈਂਸਰ ਦੇ ਇਲਾਜ ਲਈ ਪੰਜਾਬ ਤੋਂ ਰਾਜਸਥਾਨ ਜਾਣ ਵਾਲੀਆਂ ਰੇਲ ਗੱਡੀਆਂ ਨੂੰ ਹੁਣ "ਕੈਂਸਰ ਟਰੇਨਾਂ" ਕਿਹਾ ਜਾਂਦਾ ਏ । ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਬਚਾਅ ਦੇ ਉਪਾਅ ਤੇ ਸਾਵਧਾਨੀ ਵਰਤ ਕੇ ਇਸ ਭਿਆਨਕ ਬਿਮਾਰੀ ਤੋਂ ਬਚਿਆ ਜਾ ਸਕਦਾ ਏ ।

---------------------------------------------------

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸ਼ਹੀਦੀ ਸਭਾ ਦੌਰਾਨ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਆਉਣ ਵਾਲੇ ਲੱਖਾਂ ਸ਼ਰਧਾਲੂਆਂ ਦੀ ਸਹੂਲਤ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਗੁਰਦੁਆਰਾ ਸਾਹਿਬ ਨੂੰ ਜਾਣ ਵਾਲੀਆਂ ਸੜਕਾਂ ਦੀ ਮੁਰੰਮਤ ਕਰਨ ਲਈ 95.54 ਲੱਖ ਰੁਪਏ ਜਾਰੀ ਕੀਤੇ ਨੇ। ਮੁੱਖ ਮੰਤਰੀ ਨੇ ਇਹ ਫੰਡ ਬੱਸੀ ਸੰਘੋਲ ਰੋਡ, ਜੋਧਪੁਰ ਤੋਂ ਮਹਿਦੀਆਂ ਰੋਡ, ਸਰਹਿੰਦ ਚੁੰਨੀ ਰੋਡ ਤੋਂ ਘੁਮੰਡਗੜ੍ਹ, ਸਰਹਿੰਦ ਚੁੰਨੀ ਰੋਡ ਤੋਂ ਦੁਫੇਰਾ, ਨੋਗਾਵਾਂ ਤੋਂ ਲੋਹਾੜੀ ਰੋਡ, ਬੱਸੀ ਤੋਂ ਡਡਹੇੜੀ ਵਾਇਆ ਜੇਰਖੇਲਾ

ਖੇੜੀ, ਫਿਰੋਜ਼ਪੁਰ, ਬਾਗ ਸਿਕੰਦਰ, ਖਰੜ ਬੱਸੀ ਰੋਡ ਤੋਂ ਘੁਮੰਡਗੜ੍ਹ, ਬੱਸੀ ਸੰਘੋਲ ਰੋਡ ਤੋਂ ਕੋਟਲਾ ਮਕਸੂਦਾਂ ਵਾਇਆ ਅਬਦੁੱਲਾਪੁਰ ਮਹਿਦੂਦਾਂ ਆਦਿ ਸੜ਼ਕਾਂ ਨੂੰ ਪੈਚ ਮੁਕਤ ਕਰਨ ਲਈ ਜਾਰੀ ਕੀਤੇ ਨੇ।

---------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਪੰਜਾਬ ਗਰਾਂਮੀਣ ਬੈਂਕ ਦੀ ਪਿੰਡ ਭਾਣੋਲੰਗਾ ਜਿਲਾ ਕਪੂਰਥਲਾ ਸਥਿਤ ਸ਼ਾਖ਼ਾ

ਵਿਚ 34 ਲਖ 92 ਹਜਾਰ 299 ਰੁਪਏ ਦੀ ਹੇਰਾਫੇਰੀ ਕਰਨ ਸਬੰਧੀ ਬੈਂਕ ਦੇ ਸਾਬਕਾ ਮੈਨੇਜਰ ਪ੍ਰਮੋਦ ਕੁਮਾਰ, ਵਾਸੀ ਪਿੰਡ ਕੁੰਡਲ, ਜਿਲਾ ਬੀਕਾਨੇਰ ਰਾਜਸਥਾਨ ਨੂੰ ਗ੍ਰਿਫਤਾਰ ਕੀਤਾ ਏ, ਜੋ ਕਿ ਸਾਲ 2022 ਤੋਂ ਫਰਾਰ ਚੱਲ ਰਿਹਾ ਸੀ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਫ਼ਰਾਰ ਬੈਂਕ ਮੈਨੇਜਰ ਪਰਮੋਦ ਨੇ ਪੰਜਾਬ ਗਰਾਂਮੀਣ ਬੈਂਕ ਪਿੰਡ ਭਾਣੋਲੰਗਾ ਵਿਚ ਆਪਣੀ ਤਾਇਨਾਤੀ ਦੌਰਾਨ ਬੈਂਕ ਦੀ ਯੂਜਰ ਆਈ-ਡੀ ਅਤੇ ਪਾਸਵਰਡ ਦੀ ਦੁਰਵਰਤੋਂ ਕਰਦਿਆਂ ਆਪਣੇ ਬੈਂਕ ਦੇ ਕੁੱਲ 12 ਖਾਤਾ ਧਾਰਕਾਂ ਦੇ ਵੱਖ-ਵੱਖ ਬੈਂਕ ਖਾਤਿਆਂ ਵਿਚੋਂ ਵੱਖ-ਵੱਖ ਤਰੀਕਾਂ ਨੂੰ 26 ਟਰਾਂਸਜੈਕਸਨਾਂ ਰਾਹੀਂ ਕੁੱਲ 34 ਲਖ 92 ਹਜਾਰ 299 ਰੁਪਏ ਹੇਰਾਫੇਰੀ ਨਾਲ ਕਢਵਾ ਕੇ ਗ਼ਬਨ ਕੀਤਾ ਸੀ | ਮੁਲਜ਼ਮ ਨੂੰ ਉਸ ਦੇ ਜੱਦੀ ਪਿੰਡ ਕੁੰਡਲ, ਜਿਲਾ ਬੀਕਾਨੇਰ, ਰਾਜਸਥਾਨ ਤੋਂ ਵਿਜੀਲੈਂਸ ਬਿਊਰੋ, ਕਪੂਰਥਲਾ ਨੇ ਗ੍ਰਿਫਤਾਰ ਕੀਤਾ ਏ। ਇਸ ਮੁਕੱਦਮੇ ਦੀ ਹੋਰ ਪੜਤਾਲ ਜਾਰੀ ਏ।